ਭੈਰਉ ਮਹਲਾ ੫ ॥ ਨਾਮੁ ਲੈਤ ਕਿਛੁ ਬਿਘਨੁ ਨ ਲਾਗੈ ॥ ਨਾਮੁ ਸੁਣਤ ਜਮੁ ਦੂਰਹੁ ਭਾਗੈ ॥ ਨਾਮੁ ਲੈਤ ਸਭ ਦੂਖਹ ਨਾਸੁ ॥ ਨਾਮੁ ਜਪਤ ਹਰਿ ਚਰਣ ਨਿਵਾਸੁ ॥ ੧॥ ਨਿਰਬਿਘਨ ਭਗਤਿ ਭਜੁ ਹਰਿ ਹਰਿ ਨਾਉ ॥ ਰਸਕਿ ਰਸਕਿ ਹਰਿ ਕੇ ਗੁਣ ਗਾਉ ॥੧॥ ਰਹਾਉ ॥ ਹਰਿ ਸਿਮਰਤ ਕਿਛੁ ਚਾਖੁ ਨ ਜੋਹੈ ॥ ਹਰਿ ਸਿਮਰਤ ਦੈਤ ਦੇਉ ਨ ਪੋਹੈ ॥ ਹਰਿ ਸਿਮਰਤ ਮੋਹੁ ਮਾਨੁ ਨ ਬਧੈ ॥ ਹਰਿ ਸਿਮਰਤ ਗਰਭ ਜੋਨਿ ਨ ਰੁਧੈ ॥੨॥ ਹਰਿ ਸਿਮਰਨ ਕੀ ਸਗਲੀ ਬੇ ਲਾ ॥ ਹਰਿ ਸਿਮਰਨੁ ਬਹੁ ਮਾਹਿ ਇਕੇਲਾ ॥ ਜਾਤਿ ਅਜਾਤਿ ਜਪੈ ਜਨੁ ਕੋਇ ॥ ਜੋ ਜਾਪੈ ਤਿਸ ਕੀ ਗਤਿ ਹੋਇ ॥੩॥ ਹਰਿ ਕਾ ਨਾਮੁ ਜਪੀਐ ਸਾਧਸੰਗਿ ॥ ਹਰਿ ਕੇ ਨਾਮ ਕਾ ਪੂਰਨ ਰੰਗੁ ॥ ਨਾਨਕ ਕਉ ਪ੍ਰਭ ਕਿਰਪਾ ਧਾਰਿ ॥ ਸਾਸਿ ਸਾਸਿ ਹਰਿ ਦੇਹੁ ਚਿਤਾਰਿ ॥੪॥੩੬॥੪੯॥ {ਪੰਨਾ 1150}

ਪਦਅਰਥ:- ਲੈਤ—ਲੈਂਦਿਆਂ, ਸਿਮਰਦਿਆਂ। ਬਿਘਨੁ—ਰੁਕਾਵਟ। ਦੂਖਹ—ਦੁੱਖਾਂ ਦਾ।1।

ਨਿਰਬਿਘਨ—ਵਿਘਨਾਂ ਤੋਂ ਬਚਾਣ ਵਾਲੀ। ਰਸਕਿ—ਆਨੰਦ ਨਾਲ, ਸੁਆਦ ਨਾਲ।1। ਰਹਾਉ।

ਚਾਖੁ—{c˜us`} ਭੈੜੀ ਨਜ਼ਰ। ਜੋਹੈ—ਤੱਕ ਸਕਦੀ। ਦੈਤ ਦੇਉ—ਦੈਂਤ ਦੇਉ, (ਕਾਮਾਦਿਕ ਕੋਈ) ਵੱਡੇ ਤੋਂ ਵੱਡਾ ਦੇਉ। ਨ ਪੋਹੈ—ਆਪਣਾ ਜ਼ੋਰ ਨਹੀਂ ਪਾ ਸਕਦਾ। ਨ ਬਧੈ—ਨਹੀਂ ਮਾਰ ਸਕਦਾ, ਆਤਮਕ ਤੌਰ ਤੇ ਮਾਰ ਨਹੀਂ ਸਕਦਾ। ਰੁਧੈ—ਰੁੱਝਦਾ, ਫਸਦਾ। ਗਰਭ ਜੋਨਿ—ਜੂਨਾਂ ਦੇ ਗੇੜ ਵਿਚ।2।

ਸਗਲੀ ਬੇਲਾ—ਹਰੇਕ ਸਮਾ। ਬੇਲਾ—ਵੇਲਾ। ਇਕੇਲਾ—ਕੋਈ ਵਿਰਲਾ। ਅਜਾਤਿ—ਨੀਵੀਂ ਜਾਤਿ ਦਾ ਮਨੁੱਖ। ਜਨੁ ਕੋਇ—ਜਿਹੜਾ ਭੀ ਮਨੁੱਖ। ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਗਤਿ—ਉੱਚੀ ਆਤਮਕ ਅਵਸਥਾ।3।

ਜਪੀਐ—ਜਪਿਆ ਜਾ ਸਕਦਾ ਹੈ। ਸਾਧ ਸੰਗਿ—ਸਾਧ ਸੰਗਤਿ ਵਿਚ। ਪੂਰਨ—ਪੂਰਾ, ਮੁਕੰਮਲ। ਧਾਰਿ—ਕਰ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਚਿਤਾਰਿ—ਚਿਤਾਰੀਂ, ਮੈਂ ਚੇਤੇ ਕਰਦਾ ਰਹਾਂ।4।

ਅਰਥ:- ਹੇ ਭਾਈ! ਬੜੇ ਪ੍ਰੇਮ ਨਾਲ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਿਹਾ ਕਰ, ਸਦਾ ਹਰੀ ਦਾ ਨਾਮ ਜਪਦਾ ਰਿਹਾ ਕਰ। ਇਹ ਭਗਤੀ ਜ਼ਿੰਦਗੀ ਦੇ ਰਾਹ ਵਿਚ (ਵਿਕਾਰਾਂ ਦੀ) ਕੋਈ ਰੁਕਾਵਟ ਨਹੀਂ ਪੈਣ ਦੇਂਦੀ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ (ਜ਼ਿੰਦਗੀ ਦੇ ਸਫ਼ਰ ਵਿਚ ਕਾਮਾਦਿਕ ਦੀ) ਕੋਈ ਰੁਕਾਵਟ ਨਹੀਂ ਪੈਂਦੀ। ਪਰਮਾਤਮਾ ਦਾ ਨਾਮ ਸੁਣਦਿਆਂ (ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ ਨਾਮ ਜਪਣ ਵਾਲੇ ਮਨੁੱਖ ਪਾਸੋਂ) ਜਮਰਾਜ ਦੂਰੋਂ ਹੀ ਪਰੇ ਹਟ ਜਾਂਦਾ ਹੈ। ਨਾਮ ਜਪਦਿਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ, ਅਤੇ ਪਰਮਾਤਮਾ ਦੇ ਚਰਨਾਂ ਵਿਚ ਮਨ ਟਿਕਿਆ ਰਹਿੰਦਾ ਹੈ।1।

ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਕੋਈ ਭੈੜੀ ਨਜ਼ਰ ਨਹੀਂ ਲੱਗਦੀ, ਕੋਈ ਦੈਂਤ ਕੋਈ ਦੇਉ ਆਪਣਾ ਜ਼ੋਰ ਨਹੀਂ ਪਾ ਸਕਦਾ, ਮਾਇਆ ਦਾ ਮੋਹ ਦੁਨੀਆ ਦਾ ਕੋਈ ਮਾਣ ਆਤਮਕ ਜੀਵਨ ਨੂੰ ਕੁਚਲ ਨਹੀਂ ਸਕਦਾ, ਪਰਮਾਤਮਾ ਦਾ ਨਾਮ ਸਿਮਰਦਿਆਂ ਮਨੁੱਖ ਜੂਨਾਂ ਦੇ ਗੇੜ ਵਿਚ ਨਹੀਂ ਫਸਦਾ।2।

ਹੇ ਭਾਈ! (ਜਿਹੜਾ ਭੀ ਸਮਾ ਸਿਮਰਨ ਵਿਚ ਗੁਜ਼ਾਰਿਆ ਜਾਏ ਉਹੀ ਚੰਗਾ ਹੈ) ਹਰੇਕ ਸਮਾ ਸਿਮਰਨ ਵਾਸਤੇ ਢੁਕਵਾਂ ਹੈ, ਪਰ ਅਨੇਕਾਂ ਵਿਚੋਂ ਕੋਈ ਵਿਰਲਾ ਮਨੁੱਖ ਹੀ ਹਰਿ-ਨਾਮ ਦਾ ਸਿਮਰਨ ਕਰਦਾ ਹੈ। ਉੱਚੀ ਜਾਤਿ ਦਾ ਹੋਵੇ ਚਾਹੇ ਨੀਵੀਂ ਜਾਤਿ ਦਾ ਹੋਵੇ, ਜਿਹੜਾ ਭੀ ਮਨੁੱਖ ਨਾਮ ਜਪਦਾ ਹੈ ਉਸ ਦੀ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ।3।

ਹੇ ਭਾਈ! ਪਰਮਾਤਮਾ ਦਾ ਨਾਮ ਸਾਧ ਸੰਗਤਿ ਵਿਚ (ਰਹਿ ਕੇ) ਜਪਿਆ ਜਾ ਸਕਦਾ ਹੈ, (ਸਾਧ ਸੰਗਤਿ ਦੀ

ਸਹਾਇਤਾ ਨਾਲ ਹੀ) ਪਰਮਾਤਮਾ ਦੇ ਨਾਮ ਦਾ ਪੂਰਾ ਰੰਗ (ਮਨੁੱਖ ਦੀ ਜ਼ਿੰਦਗੀ ਉਤੇ ਚੜ੍ਹਦਾ ਹੈ)। ਹੇ ਪ੍ਰਭੂ! (ਆਪਣੇ ਦਾਸ) ਨਾਨਕ ਉਤੇ ਮਿਹਰ ਕਰ, ਹੇ ਹਰੀ! (ਮੈਨੂੰ ਆਪਣੇ ਨਾਮ ਦੀ ਦਾਤਿ) ਦੇਹ (ਤਾ ਕਿ) ਮੈਂ (ਆਪਣੇ) ਹਰੇਕ ਸਾਹ ਦੇ ਨਾਲ (ਤੇਰਾ ਨਾਮ) ਚੇਤੇ ਕਰਦਾ ਰਹਾਂ।4। 36। 49।